ਹੁਕਮੀ ਹੋਵਨਿ ਆਕਾਰ ਹੁਕਮੁ ਨ ਕਹਿਆ ਜਾਈ ॥
ਹੁਕਮੀ ਹੋਵਨਿ ਜੀਅ ਹੁਕਮਿ ਮਿਲੈ ਵਡਿਆਈ ॥
ਹੁਕਮੀ ਉਤਮੁ ਨੀਚੁ ਹੁਕਮਿ ਲਿਖਿ ਦੁਖ ਸੁਖ
ਪਾਈਅਹਿ ॥ ਇਕਨਾ ਹੁਕਮੀ ਬਖਸੀਸ ਇਕਿ ਹੁਕਮੀ
ਸਦਾ ਭਵਾਈਅਹਿ ॥ ਹੁਕਮੈ ਅੰਦਰਿ ਸਭੁ ਕੋ ਬਾਹਰਿ
ਹੁਕਮ ਨ ਕੋਇ ॥ ਨਾਨਕ ਹੁਕਮੈ ਜੇ ਬੁਝੈ ਤ ਹਉਮੈ
ਕਹੈ ਨ ਕੋਇ ॥੨ ॥